# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :21-02-2026**

ਨਵੀਂ ਦਿੱਲੀ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਬ੍ਰਾਜ਼ੀਲ ਦੇ ਰਾਸ਼ਟਰਪਤੀ ਲੁਈਜ਼ ਇਨਾਸੀਓ ਲੂਲਾ ਡਾ ਸਿਲਵਾ ਵਿਚਕਾਰ ਦੁਵੱਲੀ ਗੱਲਬਾਤ ਚੱਲ ਰਹੀ ਏ। ਗੱਲਬਾਤ ਦੌਰਾਨ, ਦੋਵੇਂ ਨੇਤਾ ਦੁਵੱਲੇ ਸਬੰਧਾਂ ਦੇ ਸਾਰੇ ਪਹਿਲੂਆਂ ਦੀ ਸਮੀਖਿਆ ਕਰਨਗੇ। ਦੋਵਾਂ ਆਗੂਆਂ ਵੱਲੋਂ ਆਪਸੀ ਹਿੱਤ ਦੇ ਖੇਤਰੀ ਤੇ ਵਿਸ਼ਵਵਿਆਪੀ ਮੁੱਦਿਆਂ 'ਤੇ ਵੀ ਚਰਚਾ ਕਰਨ ਦੀ ਉਮੀਦ ਏ, ਜਿਸ ਵਿੱਚ ਬਹੁਪੱਖੀ ਫੋਰਮਾਂ ਵਿੱਚ ਸਹਿਯੋਗ, ਸੁਧਾਰਿਆ ਬਹੁਪੱਖੀਵਾਦ, ਵਿਸ਼ਵ ਸ਼ਾਸਨ ਅਤੇ ਗਲੋਬਲ ਸਾਊਥ ਨਾਲ ਸਬੰਧਤ ਮੁੱਦੇ ਸ਼ਾਮਲ ਨੇ। ਭਾਰਤ ਤੇ ਬ੍ਰਾਜ਼ੀਲ ਵਿੱਚ ਇਕ ਸੁਹਿਰਦ, ਨਜ਼ਦੀਕੀ ਤੇ ਬਹੁਪੱਖੀ ਰਣਨੀਤਕ ਭਾਈਵਾਲੀ ਏ, ਜੋ ਸਾਂਝੇ ਲੋਕਤੰਤਰੀ ਮੁੱਲਾਂ ਤੇ ਮੁੱਖ ਖੇਤਰਾਂ ਵਿਚ ਵਧ ਰਹੇ ਸਹਿਯੋਗ 'ਤੇ

ਅਧਾਰਤ ਏ। ਭਾਰਤ ਅਤੇ ਬ੍ਰਾਜ਼ੀਲ 2006 ਤੋਂ ਰਣਨੀਤਕ ਭਾਈਵਾਲ ਵਜੋਂ ਵਿਚਰ ਰਹੇ ਨੇ।

---------------------------------------------------------------------------

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿਚ ਸਕੂਲ ਸਿੱਖਿਆ ਵਿਭਾਗ ਦਾ ਉੱਚ-ਪੱਧਰੀ ਵਫ਼ਦ ਭਾਰਤ ਮੰਡਪਮ ਨਵੀਂ ਦਿੱਲੀ ਵਿਖੇ ਇੰਡੀਆ ਏ.ਆਈ. ਇੰਪੈਕਟ ਐਕਸਪੋ ਵਿੱਚ ਸ਼ਾਮਲ ਹੋਇਆ। ਇਸ ਦੌਰਾਨ ਸਿੱਖਿਆ ਮੰਤਰੀ ਨੇ ਗੂਗਲ, ਇੰਟੈਲ, ਓਪਨ ਏ.ਆਈ., ਤੇ ਡੈਲ ਸਮੇਤ ਪ੍ਰਮੁੱਖ ਵਿਸ਼ਵ ਤਕਨਾਲੋਜੀ ਫਰਮਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਉੱਨਤ ਏ.ਆਈ. ਤਕਨੀਕਾਂ ਅਪਨਾਉਣ ਵੱਲ ਵਿਸ਼ੇਸ਼ ਧਿਆਨ ਦੇ ਨਾਲ ਭਵਿੱਖ ਦੀ ਸਿੱਖਿਆ ਬਾਰੇ ਵਿਚਾਰ-ਚਰਚਾ ਕੀਤੀ। ਇਸ ਦੌਰਾਨ ਵਫ਼ਦ ਨੇ ਇਲੈਕਟ੍ਰਾਨਿਕਸ ਤੇ ਸੂਚਨਾ ਤਕਨਾਲੋਜੀ ਤੇ ਸਿੱਖਿਆ ਮੰਤਰਾਲੇ ਦੇ ਨੁਮਾਇੰਦਿਆਂ ਨਾਲ ਵੀ ਗੱਲਬਾਤ ਕੀਤੀ ਅਤੇ ਪੰਜਾਬ ਦੇ ਕਲਾਸਰੂਮਾਂ ਲਈ ਅਨੁਕੂਲ ਏਆਈ ਰਣਨੀਤੀ, ਡਿਜੀਟਲ ਜਨਤਕ ਬੁਨਿਆਦੀ ਢਾਂਚੇ ਤੇ ਗਵਰਨੈਂਸ ਮਾਡਲਾਂ ਬਾਰੇ ਮਹੱਤਵਪੂਰਨ ਜਾਣਕਾਰੀ ਹਾਸਲ ਕੀਤੀ। ਸ. ਬੈਂਸ ਨੇ ਐਕਸਪੋ ਵਿਖੇ ਪੰਜਾਬ ਸਟਾਰਟਅੱਪ ਪੈਵੇਲੀਅਨ ਦਾ ਵੀ ਦੌਰਾ ਕੀਤਾ।

---

ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸੂਬੇ ਵਿੱਚ ਹੁਣ ਤੱਕ ਕਰੀਬ 9 ਲੱਖ ਸਿਹਤ ਕਾਰਡ ਜਾਰੀ ਕੀਤੇ ਜਾ ਚੁੱਕੇ ਨੇ ਤੇ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਪਰਿਵਾਰ ਨੂੰ ਇਸ ਸਕੀਮ ਤਹਿਤ ਕਵਰ ਕਰਨ ਲਈ ਪੂਰੀ ਸਰਗਰਮੀ ਨਾਲ ਕੰਮ ਕੀਤਾ ਜਾ ਰਿਹਾ ਏ। ਜਲੰਧਰ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਸਰਕਾਰੀ ਹਸਪਤਾਲਾਂ ਵਿੱਚ 70 ਫੀਸਦੀ ਤੋਂ ਜ਼ਿਆਦਾ ਮਰੀਜ਼ਾਂ ਦਾ ਇਲਾਜ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਮੁਫ਼ਤ ਹੋ ਰਿਹਾ ਏ। ਉਹਨਾਂ ਕਿਹਾ ਕਿ ਇਸ ਯੋਜਨਾ ਨੂੰ ਸੂਬੇ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਏ ਤੇ ਰਜਿਸਟ੍ਰੇਸ਼ਨ ਲਈ ਵੱਡੀ ਗਿਣਤੀ ਲੋਕ ਰੋਜ਼ਾਨਾ ਪਹੁੰਚ ਰਹੇ ਏ। ਉਨ੍ਹਾਂ ਕਿਹਾ ਕਿ ਇਸ ਕੰਮ ਨੂੰ ਹੋਰ ਗਤੀ ਦੇਣ ਲਈ ਵਾਧੂ ਸਟਾਫ਼ ਤਾਇਨਾਤ ਕਰਨ ਦੇ ਨਾਲ-ਨਾਲ ਵਾਧੂ ਮਸ਼ੀਨਰੀ ਲਗਾਈ ਜਾ ਰਹੀ ਏ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਰਜਿਸਟ੍ਰੇਸ਼ਨ ਕੈਂਪਾਂ ਦੀ ਗਿਣਤੀ ਵਿੱਚ ਵੀ ਵਾਧਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਬੀਮਾ ਪਾਰਟਨਰ ਨੂੰ 500 ਕਰੋੜ ਰੁਪਏ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਨੇ।

---

’ਗੈਂਗਸਟਰਾਂ ਤੇ ਵਾਰ’ ਮੁਹਿੰਮ ਦੇ ਇੱਕ ਮਹੀਨਾ ਪੂਰਾ ਹੋਣ ’ਤੇ ਪੰਜਾਬ ਪੁਲਿਸ ਨੇ ਹੁਣ ਤੱਕ ਸੂਬੇ ਭਰ ਵਿੱਚ 32 ਹਜ਼ਾਰ ਤੋਂ ਵੱਧ ਛਾਪੇਮਾਰੀਆਂ ਕਰਕੇ ਗੈਂਗਸਟਰਾਂ ਤੇ ਉਨ੍ਹਾਂ ਨਾਲ ਜੁੜੇ ਅਪਰਾਧੀਆਂ ਸਮੇਤ 10,412 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ । ਵਿਸ਼ੇਸ਼ ਡੀ.ਜੀ.ਪੀ. ਅਰਪਿਤ ਸ਼ੁਕਲਾ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਵਿਅਕਤੀਆਂ ਦੇ ਕਬਜ਼ੇ ਤੋਂ 205 ਹਥਿਆਰਾਂ ਸਮੇਤ 396 ਜ਼ਿੰਦਾ ਕਾਰਤੂਸ ਤੇ 34 ਮੈਗਜ਼ੀਨ, 104 ਤੇਜ਼ਧਾਰ ਹਥਿਆਰ ਤੇ ਚਾਰ ਹੈਂਡ ਗ੍ਰਨੇਡ ਬਰਾਮਦ ਕੀਤੇ ਨੇ । ਇਸ ਤੋਂ ਇਲਾਵਾ, 5,294 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਜਦਕਿ 10,090 ਵਿਅਕਤੀਆਂ ਦੀ ਤਸਦੀਕ ਕੀਤੀ ਗਈ ਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਮੁਹਿੰਮ ਸ਼ੁਰੂ ਹੋਣ ਤੋਂ ਹੁਣ ਤੱਕ ਪੁਲਿਸ ਟੀਮਾਂ ਨੇ 664 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਏ।

---------------------------------------------------------------------

ਪਟਿਆਲਾ ਦੇ ਸ਼ੀਸ਼ ਮਹਿਲ 'ਚ ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲਾ ਸ਼ੁਰੂ ਹੋ ਗਿਆ ਏ। ਇਸ ਸਬੰਧੀ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਕਿ ਰੰਗਲਾ ਪੰਜਾਬ ਸੰਕਲਪ, ਪਿੰਡ ਪੱਧਰੀ ਸਵੈ ਸਹਾਇਤਾ ਗਰੁੱਪਾਂ (ਸੈਲਫ ਹੈਲਪ ਗਰੁੱਪਾਂ) ਤੇ ਮਹਿਲਾ ਉਦਮੀਆਂ ਨੂੰ ਸਰਕਾਰੀ

ਪੱਧਰ 'ਤੇ ਮਜ਼ਬੂਤ ਮੰਚ ਪ੍ਰਦਾਨ ਕਰਵਾਉਣ ਲਈ ਪਹਿਲੀ ਵਾਰ ਪੰਜਾਬ ਵਿਚ ਕਰਾਫ਼ਟ ਮੇਲਾ ਕਰਵਾਇਆ ਜਾ ਰਿਹਾ ਏ । ਉਨ੍ਹਾਂ ਦੱਸਿਆ ਕਿ ਮੇਲੇ ਵਿੱਚ 22 ਫਰਵਰੀ ਨੂੰ ਮਸ਼ਹੂਰ ਗਾਇਕ ਬੌਬੀ ਸਿੱਧੂ, 24 ਨੂੰ ਹਰਭਜਨ ਮਾਨ, 26 ਨੂੰ ਗੁਰਲੇਜ਼ ਅਖ਼ਤਰ ਤੇ 2 ਮਾਰਚ ਨੂੰ ਆਰ ਨੇਤ ਵਲੋਂ ਪ੍ਰੋਗਰਾਮ ਪੇਸ਼ ਕੀਤੇ ਜਾਣਗੇ ਜਦਕਿ ਉੱਤਰ ਖੇਤਰੀ ਸਭਿਆਚਾਰਕ ਕੇਂਦਰ ਪਟਿਆਲਾ ਵਲੋਂ ਦਰਜਨ ਤੋਂ ਵੱਧ ਰਾਜਾਂ ਦੇ ਲੋਕ ਨਾਚ ਤੇ ਲੋਕ ਕਲਾਵਾਂ ਦੇ 100 ਤੋਂ ਵਧੇਰੇ ਕਲਾਕਾਰ ਆਪਣੀਆਂ ਵੰਨਗੀਆਂ ਪੇਸ਼ ਕਰਨਗੇ। ਇਸ ਤੋਂ ਇਲਾਵਾ ਦੇਸ਼ ਭਰ ਤੋਂ ਪੁੱਜਣ ਵਾਲੇ 400 ਤੋਂ ਵੱਧ ਸ਼ਿਲਪਕਾਰਾਂ ਦੀਆਂ ਦਸਤਕਾਰੀ ਵਸਤਾਂ ਦਰਸ਼ਕਾਂ ਦੇ ਖਰੀਦਣ ਲਈ ਲਗਭਗ 200 ਸਟਾਲਾਂ 'ਤੇ ਸਜਾਈਆਂ ਜਾਣਗੀਆਂ।

-----------------------------------------------------------------------

ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਏ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਅਤੇ ਬਾਗ਼ਬਾਨੀ ਨੂੰ ਲਾਭਕਾਰੀ ਬਣਾਉਣ ਲਈ ਕਿਸਾਨਾਂ ਨੂੰ ਸੰਪੂਰਨ ਸਹਿਯੋਗ ਮੁਹੱਈਆ ਕਰਵਾ ਰਹੀ ਏ । ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਉੱਚ ਗੁਣਵੱਤਾ ਵਾਲੇ ਬੀਜ, ਤਕਨੀਕੀ ਸਲਾਹ, ਆਧੁਨਿਕ ਖੇਤੀ ਦੇ ਤਰੀਕੇ ਤੇ ਮਜ਼ਬੂਤ ਮਾਰਕੀਟ ਉਪਲਬਧ ਕਰਵਾਉਣ ਲਈ ਸਰਕਾਰ ਵੱਲੋਂ ਲਗਾਤਾਰ ਕੰਮ

ਕੀਤੇ ਜਾ ਰਹੇ ਨੇ। ਮੰਤਰੀ ਨੇ ਕਿਹਾ ਕਿ ਸਰਕਾਰ ਦੀਆਂ ਕਿਸਾਨ ਪੱਖੀ ਨੀਤੀਆਂ ਤੇ ਹਰ ਪੱਧਰ ਤੇ ਸੰਪੂਰਨ ਸਹਿਯੋਗ ਕਿਸਾਨਾਂ ਨੂੰ ਰਵਾਇਤੀ ਫਸਲਾਂ ਦੇ ਚੱਕਰ ਤੋਂ ਬਾਹਰ ਵੱਧ ਮੁੱਲ ਵਾਲੀਆਂ ਬਾਗਬਾਨੀ ਫਸਲਾਂ ਵੱਲ ਪ੍ਰੇਰਿਤ ਕਰ ਰਹੀਆਂ ਨੇ । ਉਨ੍ਹਾਂ ਦੱਸਿਆ ਕਿ ਫਲਾਂ, ਸਬਜ਼ੀਆਂ ਤੇ ਹੋਰ ਉੱਚ ਮੁੱਲ ਵਾਲੀਆਂ ਫਸਲਾਂ ਕਿਸਾਨਾਂ ਲਈ ਵੱਧ ਲਾਭਦਾਇਕ ਸਾਬਤ ਹੋ ਰਹੀਆਂ ਨੇ। ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਏ । ਉਨ੍ਹਾ ਕਿਹਾ ਕਿ ਸੂਬੇ ਨੂੰ ਖੇਤੀਬਾੜੀ ਵਿੱਚ ਨਵੀਆਂ ਉਚਾਈਆਂ ਤੱਕ ਲੈ ਜਾਣ ਲਈ ਯਤਨ ਜਾਰੀ ਰਹਿਣਗੇ।